# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-03-2024**

- ਕੇਂਦਰ ਨੇ 2024- 25 ਲਈ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਐਕਟ, ਮਨਰੇਗਾ ਵਿੱਚ ਸੋਧੀਆਂ ਉਜਰਤਾਂ ਨੂੰ ਅਧਿਸੂਚਿਤ ਕੀਤਾ।
- ਪੰਜਾਬ ਦੇ ਮੁਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ, ਸੂਬੇ ਵਿਚ ਨਵੇਂ ਵੋਟਰ ਚਾਰ ਮਈ ਤਕ ਆਪਣੀ ਵੋਟ ਦਰਜ਼ ਕਰਵਾ ਸਕਦੇ ਨੇ।
- ਪਿਛਲੇ ਦਿਨੀਂ ਸੰਗਰੂਰ ਜ਼ਿਲੇ ਦੇ ਪਿੰਡਾਂ ਵਿਚ ਨਕਲੀ ਸ਼ਰਾਬ ਪੀਣ ਕਾਰਨ ਬਿਮਾਰ ਹੋਏ ਸਾਰੇ ਹੀ 28 ਵਿਅਕਤੀਆਂ ਨੂੰ, ਸਿਹਤਯਾਬ ਹੋਣ ਮਗਰੋਂ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚੋਂ ਛੁੱਟੀ ਮਿਲੀ।

- ਮੌਸਮ ਵਿਭਾਗ ਨੇ ਪੰਜਾਬ ਦੇ 8 ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ, ਯੈਲੋ ਅਲਰਟ ਜਾਰੀ ਕੀਤਾ ।

---------------------------------------------------

ਕੇਂਦਰ ਨੇ 2024- 25 ਲਈ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਐਕਟ, ਮਨਰੇਗਾ ਵਿੱਚ ਸੋਧੀਆਂ ਉਜਰਤਾਂ ਨੂੰ ਅਧਿਸੂਚਿਤ ਕਰ ਦਿੱਤਾ ਏ । ਹਰਿਆਣਾ ਵਿੱਚ ਗੈਰ-ਹੁਨਰਮੰਦ ਦਸਤੀ ਕਾਮਿਆਂ ਦੀ ਦਿਹਾੜੀ ਦੀ ਦਰ 374 ਰੁਪਏ ਰੋਜਾਨਾ ਅਤੇ ਪੰਜਾਬ ਵਿੱਚ 322 ਰੁਪਏ ਹੋਵੇਗੀ । ਪੇਂਡੂ ਵਿਕਾਸ ਮੰਤਰਾਲੇ ਨੇ ਕਿਹਾ ਕਿ ਇਹ ਨੋਟੀਫਿਕੇਸ਼ਨ ਇਸ ਸਾਲ ਪਹਿਲੀ ਅਪ੍ਰੈਲ ਤੋਂ ਲਾਗੂ ਹੋਵੇਗਾ । ਮਨਰੇਗਾ ਮਜ਼ਦੂਰੀ ਵਿੱਚ ਆਖਰੀ ਸੋਧ ਪਿਛਲੇ ਸਾਲ ਮਾਰਚ ਵਿੱਚ ਨੋਟੀਫਾਈ ਕੀਤੀ ਗਈ ਸੀ ।

---------------------------------------------------

ਪੰਜਾਬ ਦੇ ਮੁਖ ਚੋਣ ਅਧਿਕਾਰੀ ਸਿਬਿਨ ਸੀ. ਨੇ ਕਿਹਾ ਏ ਕਿ ਚੋਣ ਦਫਤਰ ਲੋਕ ਸਭਾ ਚੋਣਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਣ ਲਈ, ਕਈ ਕਦਮ ਚੁੱਕ ਰਿਹਾ ਏ। ਉਨਾਂ ਕਿਹਾ ਕਿ ਵੱਖ ਵੱਖ ਜ਼ਿਲਿਆਂ

ਵਿਚ ਜ਼ਿਲਾ ਚੋਣ ਅਧਿਕਾਰੀ ਵੋਟਰਾਂ ਨੂੰ ਜਾਗਰੂਕ ਕਰ ਰਹੇ ਤਾਂ ਜੋ ਵੋਟਿੰਗ ਵਾਲੇ ਦਿਨ, ਹਰ ਵੋਟਰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰ ਸਕੇ। ਸਿਬਿਨ ਸੀ ਨੇ ਕਿਹਾ ਕਿ ਚੋਣਾਂ ਲਈ ਨੋਟੀਫਿਕੇਸ਼ਨ ਪੰਜ ਮਈ ਨੂੰ ਜਾਰੀ ਹੋਣੀ ਏ ਅਤੇ ਨਵੇਂ ਵੋਟਰ ਚਾਰ ਮਈ ਤਕ ਆਪਣੀ ਵੋਟ ਦਰਜ਼ ਕਰਵਾ ਸਕਦੇ ਨੇ।

---------------------------------------------------------------

ਰੇਲਵੇ ਲਈ ਸੁਰੱਖਿਆ ਚੁਣੌਤੀਆਂ ਅਤੇ ਉਭਰਦੇ ਖ਼ਤਰੇ ਦੀ ਸਮੀਖਿਆ ਕਰਨ ਲਈ ਪੰਜਾਬ ਦੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਕਲ ਪੰਜਾਬ ਪੁਲਿਸ ਹੈੱਡਕੁਆਰਟਰ ਚੰਡੀਗੜ੍ਹ ਵਿਖੇ ਰੇਲਵੇ ਲਈ ਸੂਬਾ ਪੱਧਰੀ ਸੁਰੱਖਿਆ ਕਮੇਟੀ ਨਾਲ ਤਾਲਮੇਲ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਸਪੈਸ਼ਲ ਡੀ ਜੀ ਪੀ ਰੇਲਵੇ ਸ਼ਸ਼ੀ ਪ੍ਰਭਾ ਦਿਵੇਦੀ, ਸਪੈਸ਼ਲ ਡੀ ਜੀ ਪੀ ਅੰਦਰੂਨੀ ਸੁਰੱਖਿਆ ਆਰ ਐਨ ਢੋਕੇ, ਪ੍ਰਿੰਸੀਪਲ ਚੀਫ਼ ਕਮਿਸ਼ਨਰ ਰੇਲਵੇ ਪੁਲਿਸ ਫੋਰਸ ਏ ਐਨ ਮਿਸ਼ਰਾ ਅਤੇ ਸਰਕਾਰੀ ਰੇਲਵੇ ਪੁਲਿਸ, ਪੰਜਾਬ ਤੇ ਕੇਂਦਰੀ ਏਜੰਸੀਆਂ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ

ਮੀਟਿੰਗ ਦਾ ਉਦੇਸ਼ ਵੱਖ ਵੱਖ ਏਜੰਸੀਆਂ ਵਿਚਾਲੇ ਬਿਹਤਰ ਤਾਲਮੇਲ ਯਕੀਨੀ ਬਣਾਉਣਾ ਏ। ਉਨ੍ਹਾਂ ਆਰ ਪੀ ਐਫ ਤੇ ਜੀ ਆਰ ਪੀ ਨੂੰ ਆਮ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਵਾਸਤੇ ਰੇਲਵੇ ਟਰੈਕਾਂ 'ਤੇ ਗਸ਼ਤ ਕਰਨ ਅਤੇ ਰੇਲ ਗੱਡੀਆਂ ਲਈ ਇਸਕੋਰਟ ਕਰਨ ਵਾਸਤੇ ਸਾਂਝੀਆਂ ਟੀਮਾਂ ਭੇਜਣ ਲਈ ਕਿਹਾ।

---------------------------------------------------------

ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ. ਪੱਲਵੀ ਨੇ ਦੱਸਿਆ ਕਿ ਭਾਰਤੀ  ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਵੱਲੋਂ ਆਉਂਦੀਆਂ ਲੋਕ ਸਭਾ ਚੋਣਾਂ ਵਿੱਚ ਕਾਲੇ ਧਨ ਦੀ ਵਰਤੋਂ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ ਸ਼ਿਕਾਇਤਾਂ ਪ੍ਰਾਪਤ ਕਰਨ ਲਈ ਚੰਡੀਗੜ੍ਹ ਦੇ ਇਨਕਮ ਟੈਕਸ ਦਫ਼ਤਰ ਵਿਖੇ 24 ਘੰਟੇ ਸਤੇ ਦਿਨ ਚਲਣ ਵਾਲਾ ਇਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਇਸ ਕੰਟਰੋਲ ਰੂਮ ਵਿੱਚ ਟੌਲ-ਫ੍ਰੀ ਨੰਬਰ 1800-180-2141 ਤੇ ਇੱਕ ਵਟਸਐਪ ਨੰਬਰ 75891-66713 ਸਥਾਪਿਤ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਇਸ ਕੰਟਰੋਲ ਰੂਮ ਵਿੱਚ ਕਾਲਾ ਧਨ ਤੇ ਹਵਾਲਾ ਮਨੀ ਦੀ

ਜਾਣਕਾਰੀ ਸਮੇਤ ਕਿਸੇ ਵੀ ਤਰ੍ਹਾਂ ਦੇ ਚੋਣ ਜ਼ਾਬਤੇ ਦੀ ਉਲੰਘਣਾ ਦੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਏ । ਉਨਾਂ ਸਿਆਸੀ ਪਾਰਟੀਆਂ, ਪ੍ਰਿੰਟਿੰਗ ਪ੍ਰੈਸਾਂ, ਪ੍ਰੈਸ ਨੁਮਾਇਦਿਆਂ ਤੇ ਆਮ ਲੋਕਾਂ ਨੂੰ ਆਦਰਸ਼ ਚੋਣ ਜਾਬਤੇ ਦੇ ਨਿਯਮਾਂ ਦੀ ਇੰਨ ਬਿੰਨ ਪਾਲਣਾ ਕਰਨ ਦੀ ਅਪੀਲ ਕੀਤੀ ਏ ।

---------------------------------------------------------------

ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਨੇ ਜ਼ਿਲ੍ਹੇ ਦੀਆਂ ਸਾਰੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਵਿਆਪਕ ਵੋਟਰ ਰਜਿਸਟ੍ਰੇਸ਼ਨ ਮੁਹਿੰਮ ਚਲਾਉਣ ਦੇ ਹੁਕਮ ਦਿੱਤੇ ਨੇ । ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਰਾਹੀਂ ਲੋਕਤੰਤਰੀ ਪ੍ਰਕਿਰਿਆ ਨੂੰ ਬਰਕਰਾਰ ਰੱਖਣ ਦੇ ਮਕਸਦ ਨਾਲ ਇਹ ਮਹੱਤਵਪੂਰਨ ਪਹਿਲਕਦਮੀ ਪਹਿਲੀ ਅਪ੍ਰੈਲ ਤੋਂ 4 ਮਈ ਤੱਕ ਕੀਤੀ ਜਾਵੇਗੀ । ਉਨਾਂ ਕਿਹਾ ਕਿ ਇਲੈਕਟੋਰਲ ਲਿਟਰੇਸੀ ਕਲੱਬ ਦੇ ਨੋਡਲ ਅਫਸਰ ਏ ਐਲ ਐਮ ਟੀ ਐਸ ਦੇ ਨਾਲ ਜਿਲ੍ਹਾ ਪ੍ਰਣਾਲੀਗਤ ਵੋਟਰਾਂ ਦੀ ਸਿੱਖਿਆ ਅਤੇ ਚੋਣ ਭਾਗੀਦਾਰੀ ਸਵੀਪ

ਟੀਮ ਦੇ ਸਹਿਯੋਗ ਨਾਲ ਇਸ ਮੁਹਿੰਮ ਦੀ ਅਗਵਾਈ ਕਰਨਗੇ। ਉਨ੍ਹਾਂ ਜ਼ਿਲ੍ਹੇ ਦੀਆਂ ਵਿਦਿਅਕ ਸੰਸਥਾਵਾਂ ਨੂੰ ਇਸ ਉਪਰਾਲੇ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਬਹੁਤ ਮਹੱਤਵਪੂਰਨ ਏ ਕਿ ਫੈਕਲਟੀ, ਸਟਾਫ, ਅਤੇ ਵਿਦਿਆਰਥੀ ਇਸ ਮੁਹਿੰਮ ਦੌਰਾਨ ਸਰਗਰਮੀ ਨਾਲ ਸ਼ਾਮਲ ਹੋਣ।

---------------------------------------------------------------

ਓਧਰ ਮੋਗਾ ਦੇ ਕਸਬਾ ਬਾਘਾਪੁਰਾਣਾ ਦੇ ਐਸ.ਡੀ.ਐਮ. ਹਰਕੰਵਲਜੀਤ ਸਿੰਘ ਨੇ ਪਿੰਡ ਘੋਲੀਆ ਕਲਾਂ ਵਿਖੇ ਨਰੇਗਾ ਵਰਕਰਾਂ ਨਾਲ ਵੋਟ ਦੀ ਮਹੱਤਤਾ ਸਬੰਧੀ ਅਹਿਮ ਵਿਚਾਰ ਚਰਚਾ ਕੀਤੀ। ਉਹਨਾਂ ਨਰੇਗਾ ਕਾਮਿਆਂ ਨੂੰ ਜਾਗਰੂਕ ਕਰਦਿਆਂ ਆਖਿਆ ਕਿ ਲੋਕ ਸਭਾ ਚੋਣਾ ਦੇਸ਼ ਦੀਆਂ ਸਭ ਤੋਂ ਵੱਡੀਆਂ ਚੋਣਾਂ ਹੁੰਦੀਆਂ ਨੇ ਅਤੇ ਸਾਨੂੰ ਸਾਰਿਆਂ ਨੂੰ ਇਸ ਪ੍ਰਕਿਰਿਆ ਵਿਚ ਭਾਗੀਦਾਰ ਬਣਨਾ ਯਕੀਨੀ ਕਰਨਾ ਚਾਹੀਦਾ ਏ। ਉਹਨਾਂ ਆਖਿਆ ਕਿ ਇਹ ਸਾਡਾ ਫ਼ਰਜ਼ ਏ ਕਿ ਅਸੀਂ, ਗ਼ਰੀਬੀ ਹਟਾਉਣ, ਬਜ਼ੁਰਗਾਂ ਲਈ ਸੁਵਿਧਾਵਾਂ, ਚੰਗੀ ਸਿੱਖਿਆ, ਮੂਲ ਸੁਵਿਧਾਵਾਂ, ਵਾਤਾਵਰਨ ਸੁਰੱਖਿਆ, ਖੇਤੀ ਤੇ ਚੰਗੇ ਸ਼ਹਿਰੀ ਵਿਕਾਸ ਜਿਹੇ

ਗੰਭੀਰ ਮੁੱਦਿਆਂ ਤੇ ਹਰੇਕ ਤਰਾਂ ਦੀਆਂ ਚੋਣਾਂ ਵਿੱਚ ਸ਼ਮੂਲੀਅਤ ਯਕੀਨੀ ਕਰੀਏ ਤਾਂ ਹੀ ਮਜ਼ਬੂਤ ਲੋਕਤੰਤਰ ਦਾ ਨਿਰਮਾਣ ਹੋ ਸਕਦਾ ਏ। ਸਮੂਹ ਨਰੇਗਾ ਵਰਕਰਾਂ ਨੇ ਆਪਣੀ ਵੋਟ ਦੇ ਹੱਕ ਦਾ ਬਿਨ੍ਹਾਂ ਕਿਸੇ ਡਰ ਜਾਂ ਲਾਲਚ ਤੋਂ ਇਸਤੇਮਾਲ ਕਰਨ ਦਾ ਅਹਿਦ ਵੀ ਲਿਆ।

-----------------------------------------------------

ਪਿਛਲੇ ਦਿਨੀਂ ਨਕਲੀ ਸ਼ਰਾਬ ਪੀਣ ਕਾਰਨ ਬਿਮਾਰ ਹੋਏ ਸਾਰੇ ਹੀ 28 ਵਿਅਕਤੀਆਂ ਨੂੰ ਵੱਖ ਵੱਖ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚੋਂ ਛੁੱਟੀ ਮਿਲ ਗਈ ਏ ਅਤੇ ਇਹ ਵਿਅਕਤੀ ਹੁਣ ਪੂਰੀ ਤਰ੍ਹਾਂ ਤੰਦਰੁਸਤ ਹੋਣ ਮਗਰੋਂ ਆਪੋ ਆਪਣੇ ਘਰਾਂ ਵਿੱਚ ਪਰਤ ਗਏ ਨੇ । ਸੰਗਰੂਰ ਜ਼ਿਲੇ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ ਕਿ ਸਿਹਤ ਵਿਭਾਗ ਦੇ ਮਾਹਿਰ ਇਨ੍ਹਾਂ ਵਿਅਕਤੀਆਂ ਦੀ ਸਿਹਤ ਦੀ ਲਗਾਤਾਰ ਨਿਗਰਾਨੀ ਰੱਖਣਗੇ ਤਾਂ ਜੋ ਮੁੜ ਕਿਸੇ ਵੀ ਕਿਸਮ ਦੀ ਸਿਹਤ ਸਮੱਸਿਆ ਪੇਸ਼ ਨਾ ਆ ਸਕੇ । ਉਨਾਂ ਦੱਸਿਆ ਕਿ ਨਕਲੀ ਸ਼ਰਾਬ ਕਾਰਨ ਪ੍ਰਭਾਵਿਤ ਪਿੰਡਾਂ ਦੇ ਨਾਲ ਨਾਲ ਹੋਰ ਨੇੜਲੇ ਇਲਾਕਿਆਂ ਵਿੱਚ ਪੂਰੀ ਮੁਸਤੈਦੀ ਰੱਖੀ ਜਾ ਰਹੀ ਏ। ਉਨ੍ਹਾਂ

ਲੋਕਾਂ ਨੂੰ ਇਸ ਸਬੰਧੀ ਕਿਸੇ ਵੀ ਕਿਸਮ ਦੀਆਂ ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਏ । ਉਨ੍ਹਾਂ ਇਹ ਵੀ ਕਿਹਾ ਕਿ ਪੁਲਿਸ ਵਿਭਾਗ, ਆਬਕਾਰੀ ਵਿਭਾਗਾਂ ਦੀਆਂ ਟੀਮਾਂ ਨੇ ਸ਼ਰਾਬ ਦੀ ਤਸਕਰੀ ਨੂੰ ਰੋਕਣ ਲਈ ਚੌਕਸੀ ਟੀਮਾਂ ਦਾ ਗਠਨ ਕੀਤਾ ਹੋਇਆ ਏ ਜਿਹੜੀਆਂ ਕਿ ਨਿਰੰਤਰ ਚੈਕਿੰਗ ਪ੍ਰਕਿਰਿਆ ਨੂੰ ਅਮਲ ਵਿੱਚ ਲਿਆ ਰਹੀਆਂ ਨੇ ।

-------------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਹਾੜ੍ਹੀ ਸੀਜ਼ਨ ਦੀ ਮੁੱਖ ਫਸਲ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਕਲ ਸੂਬੇ ਦੇ ਸਮੂਹ ਜਿਲ੍ਹਾਂ ਮੰਡੀ ਅਫ਼ਸਰਾਂ ਨਾਲ ਮੁਹਾਲੀ ਵਿਖੇ ਇਕ ਮੀਟਿੰਗ ਕੀਤੀ ਅਤੇ ਮੰਡੀਆਂ ਵਿੱਚ ਖਰੀਦ ਪ੍ਰਬੰਧ ਮੁਕੱਮਲ ਕਰਨ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਕਿਹਾ ਕਿ ਪਹਿਲੀ ਅਪ੍ਰੈਲ ਤੋਂ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਣ ਵਾਲੀ ਏ ਅਤੇ ਇਸ ਲਈ ਮੰਡੀਆਂ ਤੇ ਖਰੀਦ ਕੇਂਦਰਾਂ ਦੀ ਸਾਫ਼ - ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ ਅਤੇ ਛਾਂ ਦੇ ਪੁਖਤਾ ਪ੍ਰਬੰਧਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ ਤਾਂ ਜੋ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ

ਕਿਸਮ ਦੀ ਕੋਈ ਸਮੱਸਿਆਂ ਪੇਸ਼ ਨਾ ਆਵੇ। ਉਨ੍ਹਾਂ ਸਮੂਹ ਅਫ਼ਸਰਾਂ ਨੂੰ ਹਰਿਆਵਲ ਮੁਹਿੰਮ ਤਹਿਤ ਮੰਡੀਆਂ ਵਿੱਚ ਰੁੱਖ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

------------------------------------------------------------

ਜ਼ਿਲ੍ਹਾ ਫਰੀਦਕੋਟ ਨੂੰ ਪ੍ਰਦੂਸ਼ਣ ਮੁਕਤ ਬਨਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਤਿਆਰ ਯੋਜਨਾਬੰਦੀ ਅਨੁਸਾਰ ਮੁੱਖ ਖੇਤੀਬਾੜੀ ਦਫਤਰ ਵਿਖੇ ਖੇਤੀ ਮਸ਼ੀਨਰੀ ਨਿਰਮਾਤਾਵਾਂ ਦੀ ਇਕ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਕੀਤੀ। ਮੀਟਿੰਗ ਵਿੱਚ ਸਾਲ 2024-25 ਦੌਰਾਨ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਮਿਥੇ ਜ਼ੀਰੋ ਬਰਨਿੰਗ ਦੇ ਟੀਚੇ ਦੀ ਪੂਰਤੀ ਲਈ ਕੀਤੇ ਜਾਣ ਵਾਲੇ ਕਾਰਜਾਂ ਵਿੱਚ ਮਸ਼ੀਨਰੀ ਨਿਰਮਾਤਾਵਾਂ ਵਲੋਂ ਕੀਤੇ ਜਾਣ ਵਾਲੇ ਸਹਿਯੋਗ ਬਾਰੇ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਵਲੋਂ ਜ਼ਿਲੇ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਸਾੜਨ ਨਾਲ ਪੈਦਾ ਹੁੰਦੇ ਧੂੰਏ ਨਾਲ ਵਧਦੇ ਹਵਾ ਪ੍ਰਦੂਸ਼ਣ ਤੋਂ ਮੁਕਤ ਕਰਨ ਲਈ ਜ਼ੀਰੋ ਬੁਰਨਿੰਗ ਦਾ

ਟੀਚਾ ਮਿਥਿਆ ਗਿਆ ਏ ।ਇਸ ਟੀਚੇ ਦੀ ਪੂਰਤੀ ਲਈ ਕਣਕ ਦੀ ਕਟਾਈ ਤੋਂ ਬਾਅਦ ਅਤੇ ਝੋਨੇ ਦੀ ਲਵਾਈ ਤੋਂ ਪਹਿਲਾਂ, ਖੇਤੀਬਾੜੀ ਮਸ਼ੀਨਰੀ ਨਿਰਮਾਤਾਵਾਂ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਜਿਸ ਤਹਿਤ ਖੇਤੀਬਾੜੀ ਮਸ਼ੀਨਰੀ ਖਾਸ ਕਰਕੇ ਸੁਪਰ ਸੀਡਰ ਦੇ ਮਾਲਿਕ ਕਿਸਾਨਾਂ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾਣਗੇ।

---------------------------------------------------------------

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗੇ ਸੋਨੇ ਦੀ ਧੁਆਈ ਤੇ ਸਾਫ-ਸਫਾਈ ਦੀ ਸੇਵਾ ਅੱਜ ਅਰਦਾਸ ਉਪਰੰਤ ਆਰੰਭ ਕੀਤੀ ਗਈ। ਸ਼੍ਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰ-ਮਿੰਘਮ ਦੇ ਮੁਖੀ ਭਾਈ ਮਹਿੰਦਰ ਸਿੰਘ ਨੂੰ ਦਿੱਤੀ ਗਈ ਏ। ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਨੇ ਕਿਹਾ ਕਿ ਬਾਰਿਸ਼ ਅਤੇ ਪ੍ਰਦੂਸ਼ਣ ਕਰਕੇ ਸੋਨੇ ਦੀ ਚਮਕ ਸਮਾਂ ਪਾ ਕੇ ਘੱਟ ਜਾਂਦੀ ਏ, ਜਿਸ ਦੀ ਸਾਫ-ਸਫਾਈ ਜ਼ਰੂਰੀ ਹੋ ਜਾਂਦੀ ਏ। ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਸੇਵਾਦਾਰ ਭਾਈ ਗੁਰਦਿਆਲ

ਸਿੰਘ ਨੇ ਦੱਸਿਆ ਕਿ ਜਥੇ ਵੱਲੋਂ ਸਾਲ 1995 ਤੋਂ 1999 ਤੱਕ ਪੱਤਰਿਆਂ ਦੀ ਸੇਵਾ ਪਹਿਲੀ ਵਾਰ ਕਰਵਾਈ ਗਈ ਸੀ ਅਤੇ ਉਸ ਮਗਰੋਂ ਸੋਨੇ ਦੀ ਧੁਆਈ ਦਾ ਕਾਰਜ ਲਗਾਤਾਰ ਕਰਦੇ ਆ ਰਹੇ ਨੇ। ਉਨ੍ਹਾਂ ਦੱਸਿਆ ਕਿ ਇਹ ਸੇਵਾ ਕਰੀਬ 10 ਤੋਂ 12 ਦਿਨ ਤਕ ਜਾਰੀ ਰਹੇਗੀ, ਜਿਸ ਤਹਿਤ ਪਾਵਨ ਅਸਥਾਨ ਦੇ ਬਾਹਰੀ ਹਿੱਸੇ ’ਤੇ ਲੱਗੇ ਸੋਨੇ ਦੀ ਧੁਆਈ ਕੁਦਰਤੀ ਢੰਗ ਨਾਲ ਕੀਤੀ ਜਾਵੇਗੀ।

---------------------------------------------------------

ਪੱਛਮੀ ਗੜਬੜੀ ਨਾਲ ਪੰਜਾਬ ਇੱਕ ਵਾਰ ਫਿਰ ਮੌਸਮ ਵਿੱਚ ਬਦਲਾਅ ਆਇਆ ਏ। ਮਾਝੇ ਦੇ ਕਈ ਜ਼ਿਲਿਆਂ ਵਿਚ ਕਲ ਤੋਂ ਹੀ ਬੱਦਲਾਂ ਅਤੇ ਤੇਜ਼ ਹਵਾਵਾਂ ਦਾ ਅਸਰ ਦੇਖਣ ਨੂੰ ਮਿਲਿਆ ਜਦਕਿ ਅੱਜ ਵੀ ਸੂਬੇ ਦੇ 8 ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। 29-30 ਮਾਰਚ ਨੂੰ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਏ, ਜਿਸ ਤੋਂ ਬਾਅਦ ਘੱਟੋ-ਘੱਟ ਤਾਪਮਾਨ ਵਿੱਚ ਮਾਮੂਲੀ ਗਿਰਾਵਟ ਆਵੇਗੀ। ਮੌਸਮ ਵਿਭਾਗ ਅਨੁਸਾਰ ਅੱਜ

ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਨਵਾਂਸ਼ਹਿਰ ਅਤੇ ਰੂਪਨਗਰ ਵਿੱਚ ਮੀਂਹ ਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਏ।

---------------------------------------------

**<u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਕੇਂਦਰ ਨੇ 2024- 25 ਲਈ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਐਕਟ, ਮਨਰੇਗਾ ਵਿੱਚ ਸੋਧੀਆਂ ਉਜਰਤਾਂ ਨੂੰ ਅਧਿਸੂਚਿਤ ਕੀਤਾ।
- ਪੰਜਾਬ ਦੇ ਮੁਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ, ਸੂਬੇ ਵਿਚ ਨਵੇਂ ਵੋਟਰ ਚਾਰ ਮਈ ਤਕ ਆਪਣੀ ਵੋਟ ਦਰਜ਼ ਕਰਵਾ ਸਕਦੇ ਨੇ।
- ਪਿਛਲੇ ਦਿਨੀਂ ਸੰਗਰੂਰ ਜ਼ਿਲੇ ਦੇ ਪਿੰਡਾਂ ਵਿਚ ਨਕਲੀ ਸ਼ਰਾਬ ਪੀਣ ਕਾਰਨ ਬਿਮਾਰ ਹੋਏ ਸਾਰੇ ਹੀ 28 ਵਿਅਕਤੀਆਂ ਨੂੰ, ਸਿਹਤਯਾਬ ਹੋਣ ਮਗਰੋਂ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚੋਂ ਛੁੱਟੀ ਮਿਲੀ।

- ਮੌਸਮ ਵਿਭਾਗ ਨੇ ਪੰਜਾਬ ਦੇ 8 ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ, ਯੈਲੋ ਅਲਰਟ ਜਾਰੀ ਕੀਤਾ।